**ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ**
ਐਸ.ਸੀ.ਓ. ਨੰ: 104-106, ਦੂਜੀ ਮੰਜ਼ਿਲ, ਸੈਕਟਰ 34, ਚੰਡੀਗੜ੍ਹ

ਵੱਲ :

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ),
ਪੰਜਾਬ। (ਵੈਬਸਾਈਟ ਰਾਹੀਂ)

ਮੀਮੋ ਨੰ: ਏ.ਐਸ.ਪੀ.ਡੀ/ਰਮਸਅ/2010/**R000004**
ਮਿਤੀ, ਚੰਡੀਗੜ੍ਹ :25-10-2010

ਵਿਸ਼ਾ : **ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਪ੍ਰੀਖਿਆਵਾਂ ਦੌਰਾਨ ਲਗਾਏ ਅਬਜ਼ਰਵਰਾਂ ਦੇ ਮਿਹਨਤਾਨੇ ਸੰਬੰਧੀ।**

1.0 ਉਕਤ ਵਿਸ਼ੇ ਸੰਬੰਧੀ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਇਸ ਦਫ਼ਤਰ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਈਆਂ ਜਾਂਦੀਆਂ ਸਾਲਾਨਾ/ਸਮੈਸਟਰ ਪ੍ਰੀਖਿਆਵਾਂ ਦੌਰਾਨ ਸੰਵੇਦਨਸ਼ੀਲ/ਸ਼ਿਕਾਇਤ ਅਧੀਨ ਪ੍ਰੀ. ਕੇਂਦਰਾਂ ਤੇ ਡਿਊਟੀ ਕਰਨ ਵਾਲੇ ਜ਼ਿਆਦਾਤਰ ਅਬਜ਼ਰਵਰਾਂ ਨੂੰ ਡਿਊਟੀ ਕਰਨ ਬਦਲੇ ਕਿਸੇ ਤਰ੍ਹਾਂ ਦੀ ਮਿਹਨਤਾਨੇ ਦੀ ਅਦਾਇਗੀ ਨਹੀਂ ਕੀਤੀ ਗਈ।

2.0 ਇਸ ਸੰਬੰਧ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਇਹ ਮਾਮਲਾ ਉਠਾਇਆ ਗਿਆ ਸੀ। ਉਹਨਾਂ ਨੇ ਆਪਣੇ ਪੱਤਰ ਨੰ: ਪਸਸਬ-ਕਸ-2010/160206 ਮਿਤੀ 6.10.2010 ਨਾਲ ਸੂਚਿਤ ਕੀਤਾ ਹੈ ਕਿ ਅਬਜ਼ਰਵਰ ਦੇ ਮਿਹਨਤਾਨੇ ਲਈ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਤੋਂ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ ਹੈ। ਉਹਨਾਂ ਦੇ ਮੁਤਾਬਿਕ ਜਦੋਂ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਦੁਆਰਾ ਮਿਹਨਤਾਨੇ ਦੇ ਬਿੱਲ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਪ੍ਰਾਪਤ ਹੋ ਜਾਣਗੇ ਤਾਂ ਨਿਯਮਾਂ ਅਨੁਸਾਰ ਅਦਾਇਗੀ ਕਰ ਦਿੱਤੀ ਜਾਵੇਗੀ।

3.0 ਇਸ ਪੱਤਰ ਰਾਹੀਂ ਹਦਾਇਤ ਜਾਰੀ ਕੀਤੀ ਜਾਂਦੀ ਹੈ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਲਏ ਜਾਣ ਵਾਲੀਆਂ ਪ੍ਰੀਖਿਆਵਾਂ ਦੌਰਾਨ ਸੰਵੇਦਨਸ਼ੀਲ/ਸ਼ਿਕਾਇਤ ਅਧੀਨ ਪ੍ਰੀ. ਕੇਂਦਰਾਂ ਤੇ ਲਗਾਏ ਜਾਂਦੇ ਸਾਰੇ ਅਬਜ਼ਰਵਰਾਂ ਦੀ ਸੂਚਨਾ ਅਤੇ ਮਿਹਨਤਾਨੇ ਦੇ ਬਿੱਲ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸੰਬੰਧਤ ਦਫ਼ਤਰ ਨੂੰ ਸਮੇਂ ਸਿਰ ਭੇਜੇ ਜਾਇਆ ਕਰਨ ਤਾਂ ਜੋ ਪ੍ਰੀਖਿਆਵਾਂ ਦੌਰਾਨ ਨਕਲ ਨੂੰ ਠੱਲ੍ਹ ਪਾਉਣ ਲਈ ਬਤੌਰ ਅਬਜ਼ਰਵਰ ਡਿਊਟੀ ਕਰਨ ਵਾਲੇ ਅਧਿਆਪਕਾਂ/ਅਧਿਕਾਰੀਆਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਨਿਯਮਾਂ ਅਨੁਸਾਰ ਮਿਹਨਤਾਨੇ ਦੀ ਅਦਾਇਗੀ ਕੀਤੀ ਜਾ ਸਕੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ ਚੰਡੀਗੜ੍ਹ

ਪਿੱਠ ਅੰਕਣ ਨੰ: ਏ.ਐਸ.ਪੀ.ਡੀ./ਰਮਸਅ/2010/ **R000005** ਮਿਤੀ ਚੰਡੀਗੜ੍ਹ: 25-10-2010

ਉਪਰੋਕਤ ਦਾ ਉਤਾਰਾ ਕੰਟਰੋਲਰ ਪ੍ਰੀਖਿਆਵਾਂ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ ਚੰਡੀਗੜ੍ਹ